## ਮਤਾ 1

ਯੂ ਟੀ ਚੰਡੀਗੜ੍ਹ ਵਿੱਚ ਸਿੱਖ ਬੱਚਿਆਂ ਨੂੰ ਆਪਣੇ ਮਹਾਨ ਵਿਰਸੇ ਨਾਲ ਜੋੜੀ ਰੱਖਣ ਲਈ ਪੰਜਾਬੀ ਨੂੰ ਦੂਜੀ ਭਾਸ਼ਾ ਦਾ ਦਰਜਾ ਦਿੱਤਾ ਜਾਏ ਅਤੇ ਸਿੱਖਿਆ ਸੰਸਥਾਵਾਂ ਸਕੂਲ ਤੋਂ ਲੈ ਕੇ ਯੂਨੀਵਰਸਿਟੀ ਪੱਧਰ ਤੱਕ ਪੰਜਾਬੀ ਦੀ ਪੜ੍ਹਾਈ ਦਾ ਉਚੇਚਾ ਪ੍ਰਬੰਧ ਕੀਤਾ ਜਾਵੇ।

ਇਹ ਸੈਮੀਨਾਰ ਪੰਜਾਬੀ ਅਖਬਾਰਾਂ ਵਿਸ਼ੇਸ਼ ਤੌਰ ਤੇ ਪ੍ਰਮੁੱਖ ਅਖਬਾਰਾਂ, ਜਿਨ੍ਹਾਂ ਦੇ ਪ੍ਰਬੰਧਕ ਸਿੱਖ ਹਨ, ਉਹ ਪੰਜਾਬ ਤੋਂ ਬਾਹਰ ਦੂਜੇ ਰਾਜਾਂ ਵਿੱਚ ਵਸਣ ਵਾਲੇ ਸਿੱਖਾਂ ਤੇ ਉਹਨਾਂ ਦੇ ਬੱਚਿਆਂ ਨੂੰ ਪੰਜਾਬੀਅਤ ਤੇ ਸਿੱਖੀ ਨਾਲ ਜੋੜਨ ਲਈ ਵਿਸ਼ੇਸ ਧਿਆਨ ਦੇਣ ਤੇ ਪੰਜਾਬ ਦੇ ਗਵਾਢੀਂ ਰਾਜਾਂ ਵਿੱਚ ਆਬਾਦ ਸਿੱਖਾਂ ਦੀਆਂ ਸਮੱਸਿਆਵਾਂ ਤੇ ਉਹਨਾਂ ਦੇ ਬੱਚਿਆਂ ਨੂੰ ਸਿੱਖ ਨਾਲ ਜੋੜੀ ਰੱਖਣ ਲਈ ਆਪਣੀ ਆਪਣੀ ਭੂਮਿਕਾ ਨਿਭਾਉਣ ਤੇ ਆਪਣੇ ਪੱਤਰ ਪ੍ਰੇਰਕ ਨਿਯੁਕਤ ਕਰਨ।

## ਮਤਾ 2

### ਨਾਨਕਸ਼ਾਹੀ ਕੈਂਲਡਰ

ਅੱਜ ਦਾ ਇਹ ਸਮਾਗਮ ਸਿੱਖ ਕੌਮ ਦੀ ਵਿਲੱਖਣ ਹੱਸਤੀ ਦੇ ਪ੍ਰਤੀਕ ਸ੍ਰੀ ਅਕਾਲ ਤੱਖਤ ਸਾਹਿਬ ਤੋਂ ਪ੍ਰਵਾਨਤ ਨਾਨਕਸ਼ਾਹੀ ਕੈਲੰਡਰ ਨੂੰ ਤਬਦੀਲ ਕਰਨ ਦੇ ਯਤਨਾਂ ਦਾ ਸਖਤ ਵਿਰੋਧ ਕਰਦਾ ਹੈ ਪੰਥ ਵਿਰੋਧੀ ਲੋਕਾਂ ਦੇ ਪ੍ਰਭਾਵ ਕਰਕੇ ਕੈਲੰਡਰ ਵਿੱਚ ਤਬਦੀਲੀ ਕਰਨ ਦੇ ਯਤਨਾਂ ਬਾਰੇ ਗੰਭੀਰ ਚਿੰਤਾ ਪ੍ਰਗਟ ਕਰਦਾ ਹੈ।